ਮਲਾਰ ਮਹਲਾ ੩ ॥ ਜੀਵਤ ਮੁਕਤ ਗੁਰਮਤੀ ਲਾਗੇ ॥ ਹਰਿ ਕੀ ਭਗਤਿ ਅਨਦਿਨੁ ਸਦ ਜਾਗੇ ॥ ਸਤਿਗੁਰੁ ਸੇਵਹਿ ਆਪੁ ਗਵਾਇ ॥ ਹਉ ਤਿਨ ਜਨ ਕੇ ਸਦ ਲਾਗਉ ਪਾਇ ॥ ੧॥ ਹਉ ਜੀਵਾਂ ਸਦਾ ਹਰਿ ਕੇ ਗੁਣ ਗਾਈ ॥ ਗੁਰ ਕਾ ਸਬਦੁ ਮਹਾ ਰਸੁ ਮੀਠਾ ਹਰਿ ਕੈ ਨਾਮਿ ਮੁਕਤਿ ਗਤਿ ਪਾਈ ॥ ੧॥ ਰਹਾਉ ॥ ਮਾਇਆ ਮੋਹੁ ਅਗਿਆਨੁ ਗੁਬਾਰੁ ॥ ਮਨਮੁਖ ਮੋਹੇ ਮੁਗਧ ਗਵਾਰ ॥ ਅਨਦਿਨੁ ਧੰਧਾ ਕਰਤ ਵਿਹਾਇ ॥ ਮਰਿ ਮਰਿ ਜੰਮਹਿ ਮਿਲੈ ਸਜਾਇ ॥੨॥ ਗੁਰਮੁਖਿ ਰਾਮ ਨਾਮਿ ਲਿਵ ਲਾਈ ॥ ਕੂੜੈ ਲਾਲਚਿ ਨਾ ਲਪਟਾਈ ॥ ਜੋ ਕਿਛੁ ਹੋਵੈ ਸਹਜਿ ਸੁਭਾਇ ॥ ਹਰਿ ਰਸੁ ਪੀਵੈ ਰਸਨ ਰਸਾਇ ॥ ੩॥ ਕੋਟਿ ਮਧੇ ਕਿਸਹਿ ਬੁਝਾਈ ॥ ਆਪੇ ਬਖਸੇ ਦੇ ਵਡਿਆਈ ॥ ਜੋ ਧੁਰਿ ਮਿਲਿਆ ਸੁ ਵਿਛੁੜਿ ਨ ਜਾਈ ॥ ਨਾਨਕ ਹਰਿ ਹਰਿ ਨਾਮਿ ਸਮਾਈ ॥੪॥੩॥੧੨॥ {ਪੰਨਾ 1262}

ਪਦ ਅਰਥ:- ਮੁਕਤ—ਵਿਕਾਰਾਂ ਤੋਂ ਬਚੇ ਹੋਏ। ਅਨਦਿਨੁ—ਹਰ ਰੋਜ਼, ਹਰ ਵੇਲੇ। ਸਦ—ਸਦਾ। ਜਾਗੇ—ਮਾਇਆ ਦੇ ਹੱਲਿਆਂ ਵਲੋਂ ਸੁਚੇਤ ਰਹਿੰਦੇ। ਸੇਵਹਿ—ਸੇਵਾ ਕਰਦੇ ਹਨ (ਬਹੁ-ਵਚਨ)। ਆਪੁ—ਆਪਾ-ਭਾਵ। ਗਵਾਇ—ਗਵਾ ਕੇ। ਹਉ—ਮੈਂ। ਲਾਗਉ—ਲਾਗਉਂ, ਮੈਂ ਲੱਗਦਾ ਹਾਂ। ਪਾਇ—ਪੈਰੀਂ।1।

ਜੀਵਾਂ—ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ। ਗਾਈ—ਗਾਈਂ, ਮੈਂ ਗਾਂਦਾ ਹਾਂ। ਕੈ ਨਾਮਿ—ਦੇ ਨਾਮ ਦੀ ਰਾਹੀਂ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਗਤਿ—ਉੱਚੀ ਆਤਮਕ ਅਵਸਥਾ। ਪਾਈ—ਪਾਈਂ, ਮੈਂ ਪ੍ਰਾਪਤ ਕਰਦਾ ਹਾਂ।1। ਰਹਾਉ।

ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ। ਗੁਬਾਰੁ—ਹਨੇਰਾ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਮੁਗਧ—ਮੂਰਖ। ਕਰਤ—ਕਰਦਿਆਂ। ਵਿਹਾਇ—(ਉਮਰ) ਬੀਤਦੀ ਹੈ। ਮਰਿ—ਮਰ ਕੇ।2।

ਨਾਮਿ—ਨਾਮ ਵਿਚ। ਲਾਲਚਿ—ਲਾਲਚ ਵਿਚ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰੇਮ ਵਿਚ। ਪੀਵੈ—ਪੀਂਦਾ ਹੈ (ਇਕ-ਵਚਨ)। ਰਸਨ—ਜੀਭ। ਰਸਾਇ—ਰਸਾ ਕੇ, ਸੁਆਦ ਲੈ ਕੇ।3।

ਕੋਟਿ—ਕ੍ਰੋੜਾਂ। ਮਧੇ—ਵਿਚ। ਕਿਸਹਿ—(ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ) ਕਿਸੇ ਵਿਰਲੇ ਨੂੰ। ਆਪੇ—ਆਪ ਹੀ। ਦੇ—ਦੇਂਦਾ ਹੈ। ਧੁਰਿ—ਧੁਰ ਦਰਗਾਹ ਤੋਂ। ਸੁ—ਉਹ ਮਨੁੱਖ। ਸਮਾਈ—ਲੀਨ ਰਹਿੰਦਾ ਹੈ।4।

ਅਰਥ:- ਹੇ ਭਾਈ! ਮੈਂ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ ਅਤੇ ਆਤਮਕ ਜੀਵਨ ਪ੍ਰਾਪਤ ਕਰਦਾ ਰਹਿੰਦਾ ਹਾਂ। ਗੁਰੂ ਦਾ ਸ਼ਬਦ ਬਹੁਤ ਸੁਆਦਲਾ ਹੈ ਮਿੱਠਾ ਹੈ (ਇਸ ਸ਼ਬਦ ਦੀ ਬਰਕਤਿ ਨਾਲ) ਮੈਂ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰਦਾ ਹਾਂ, ਉੱਚੀ ਆਤਮਕ ਅਵਸਥਾ ਪ੍ਰਾਪਤ ਕਰਦਾ ਹਾਂ।1। ਰਹਾਉ।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੀ ਮਤਿ ਅਨੁਸਾਰ ਤੁਰਦੇ ਹਨ, ਉਹ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਵਿਕਾਰਾਂ ਤੋਂ ਬਚੇ ਰਹਿੰਦੇ ਹਨ। ਉਹ ਹਰ ਵੇਲੇ ਪਰਮਾਤਮਾ ਦੀ ਭਗਤੀ ਕਰ ਕੇ ਮਾਇਆ ਦੇ ਹੱਲਿਆਂ ਵੱਲੋਂ ਸਦਾ ਸੁਚੇਤ ਰਹਿੰਦੇ ਹਨ। ਹੇ ਭਾਈ! ਜਿਹੜੇ ਮਨੁੱਖ ਆਪਾ-ਭਾਵ ਦੂਰ ਕਰ ਕੇ ਗੁਰੂ ਦੀ ਸਰਨ ਪੈਂਦੇ ਹਨ, ਮੈਂ ਉਹਨਾਂ ਮਨੁੱਖਾਂ ਦੀ ਸਦਾ ਪੈਰੀਂ ਲੱਗਦਾ ਹਾਂ।1।

ਹੇ ਭਾਈ! ਮਾਇਆ ਦਾ ਮੋਹ (ਜੀਵਨ-ਸਫ਼ਰ ਵਿਚ) ਆਤਮਕ ਜੀਵਨ ਵਲੋਂ ਬੇ-ਸਮਝੀ ਹੈ, ਘੁੱਪ ਹਨੇਰਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ ਇਸ ਮੋਹ ਵਿਚ ਫਸੇ ਰਹਿੰਦੇ ਹਨ। ਹਰ ਵੇਲੇ ਦੁਨੀਆ ਵਾਲੇ ਧੰਧੇ ਕਰਦਿਆਂ ਹੀ ਉਹਨਾਂ ਦੀ ਉਮਰ ਗੁਜ਼ਰਦੀ ਹੈ, ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ—ਇਹ ਸਜ਼ਾ

ਉਹਨਾਂ ਨੂੰ ਮਿਲਦੀ ਹੈ।2।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ, ਉਹ ਨਾਸਵੰਤ ਮਾਇਆ ਦੇ ਲਾਲਚ ਵਿਚ ਨਹੀਂ ਫਸਦਾ। (ਰਜ਼ਾ ਅਨੁਸਾਰ) ਜੋ ਕੁਝ ਵਾਪਰਦਾ ਹੈ ਉਸ ਨੂੰ ਆਤਮਕ ਅਡੋਲਤਾ ਵਿਚ ਪਿਆਰ ਵਿਚ (ਟਿਕਿਆ ਰਹਿ ਕੇ ਸਹਾਰਦਾ ਹੈ)। ਉਹ ਮਨੁੱਖ ਪਰਮਾਤਮਾ ਦਾ ਨਾਮ-ਰਸ ਜੀਭ ਨਾਲ ਸੁਆਦ ਲੈ ਲੈ ਕੇ ਪੀਂਦਾ ਰਹਿੰਦਾ ਹੈ।3।

ਪਰ, ਹੇ ਭਾਈ! ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੂੰ (ਪਰਮਾਤਮਾ) ਇਹ ਸੂਝ ਦੇਂਦਾ ਹੈ, ਉਸ ਨੂੰ ਪ੍ਰਭੂ ਆਪ ਹੀ (ਇਹ ਦਾਤਿ) ਬਖ਼ਸ਼ਦਾ ਹੈ ਅਤੇ ਇੱਜ਼ਤ ਦੇਂਦਾ ਹੈ। ਹੇ ਨਾਨਕ! ਜਿਹੜਾ ਮਨੁੱਖ ਧੁਰ ਦਰਗਾਹ ਤੋਂ (ਪ੍ਰਭੂ-ਚਰਨਾਂ ਵਿਚ) ਜੁੜਿਆ ਹੋਇਆ ਹੈ, ਉਹ ਉਸ ਤੋਂ ਕਦੇ ਵਿੱਛੁੜਦਾ ਨਹੀਂ। ਉਹ ਸਦਾ ਹੀ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ।4।3।12।